


950 ਨਸ਼ੀਲੀਆਂ ਗੋਲੀਆਂ ਸਣੇ ਕਾਬੂ ਕੀਤਾ ਦੋਸ਼ੀ ਪੁਲਿਸ ਪਾਰਟੀ ਦੇ ਨਾਲ। ਅਜੀਤ ਤਸਵੀਰ

# ਨਸ਼ੀਲੀਆਂ ਗੋਲੀਆਂ ਸਣੇ ਇਕ ਕਾਬੂ

ਸ੍ਰੀ ਮੁਕਤਸਰ ਸਾਹਿਬ, 3 ਅਗਸਤ (ਹਰਮਹਿੰਦਰ ਪਾਲ)-ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਨੇ 950 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਸਹਾਇਕ ਥਾਣੇਦਾਰ ਜਗਸੀਰ ਸਿੰਘ ਨੇ ਦੱਸਿਆ ਕਿ ਜਦ ਉਹ ਪੁਲਿਸ ਪਾਰਟੀ ਸਣੇ ਗਸ਼ਤ ਤੇ ਚੈਕਿੰਗ ਦੇ ਸੰਬੰਧ ਵਿਚ ਮੋੜ ਰੋਡ ਗੋਬਿੰਦ ਨਗਰੀ ਸ੍ਰੀ ਮੁਕਤਸਰ ਸਾਹਿਬ ਪਹੁੰਚੇ ਤਾਂ ਸਾਹਮਣੇ ਤੋਂ ਸੜਕ ਦੇ ਖੱਬੇ ਹੱਥ ਇਕ ਨੌਜਵਾਨ ਆਉਂਦਾ ਵਿਖਾਈ ਦਿੱਤਾ, ਜੋ ਆਪਣੇ ਹੱਥ 'ਚ ਫੜਿਆ ਥੈਲਾ ਸੁੱਟ ਕੇ ਭੱਜਣ ਲੱਗਾ, ਤਾਂ ਪੁਲਿਸ ਪਾਰਟੀ ਨੇ ਉਕਤ ਨੂੰ ਕਾਬੂ ਕਰਕੇ ਥੈਲੇ ਦੀ ਤਲਾਸ਼ੀ ਲਈ ਤਾਂ ਉਸ ਵਿਚੋਂ 950 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਦੋਸ਼ੀ ਖੜਕ ਸਿੰਘ ਉਰਫ਼ ਖੜਕੂ ਵਾਸੀ ਬੁਰਜਵਾਲਾ ਜ਼ਿਲ੍ਹਾ ਫ਼ਾਜ਼ਿਲਕਾ ਨੂੰ ਗ੍ਰਿਫ਼ਤਾਰ ਕਰਕੇ ਮਾਮਲਾ ਦਰਜ ਕਰ ਲਿਆ ਗਿਆ ਹੈ।